# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:11-04-2024**

ਬਠਿੰਡਾ ਜ਼ਿਲ੍ਹੇ ਵਿੱਚ ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 13 ਅਪ੍ਰੈਲ ਨੂੰ ਮਨਾਏ ਜਾਣ ਵਾਲੇ ਸਲਾਨਾ ਵਿਸਾਖੀ ਮੇਲੇ ਦੇ ਮੱਦੇਨਜ਼ਰ ਸੰਗਤਾਂ ਦੀ ਸਹੂਲਤ ਲਈ ਸਾਰੇ ਪੁਖ਼ਤਾ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੀ। ਐਸ ਐਸ ਪੀ ਦੀਪਕ ਪਾਰੀਕ ਅਤੇ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਮੈਨੇਜ਼ਰ ਭਾਈ ਰਣਜੀਤ ਸਿੰਘ ਵੀ ਉਨ੍ਹਾਂ ਨਾਲ ਮੌਜੂਦ ਰਹੇ। ਇਸ ਤੋਂ ਪਹਿਲਾਂ ਜਸਪ੍ਰੀਤ ਸਿੰਘ ਨੇ ਮੇਲੇ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਇਕ ਰੀਵਿਊ ਮੀਟਿੰਗ ਵੀ ਕੀਤੀ।

-----------------------------------------------------------------

ਈਦ ਉਲ੍ਹ ਫਿਤਰ ਦਾ ਤਿਉਹਾਰ ਅੱਜ ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਪੰਜਾਬ ਵਿੱਚ ਵੀ ਖੁਸ਼ੀਆਂ, ਚਾਵਾਂ, ਉਤਸ਼ਾਹ ਤੇ ਆਪਸੀ ਭਾਈਚਾਰੇ ਨਾਲ ਮਨਾਇਆ ਜਾ ਰਿਹਾ ਏ। ਜਲੰਧਰ ਸਮੇਤ ਵੱਖ ਵੱਖ ਸ਼ਹਿਰਾਂ ਦੀਆਂ ਮਸਜਿਦਾਂ ਤੇ ਈਦਗਾਹਾਂ ਵਿਖੇ ਈਦ ਦੀ ਨਮਾਜ ਅਤਾ ਕੀਤੀ ਗਈ।

-----------------------------------------------------------------

ਮਾਲੇਰਕੋਟਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਪੱਲਵੀ ਨੇ ਕਿਹਾ ਏ ਕਿ ਜ਼ਿਲ੍ਹਾ ਅਤੇ ਪੁਲਿਸ ਪ੍ਰਸ਼ਾਸਨ ਲੋਕ ਸਭਾ ਚੋਣਾਂ- 2024 ਨੂੰ ਪੂਰੀ ਤਰ੍ਹਾਂ ਪਾਰਦਰਸ਼ਤਾ ਨਾਲ ਨਿਰਪੱਖ, ਨਿਰਵਿਘਨ ,ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਵਚਨਬੱਧ ਏ। ਉਨਾਂ ਕਿਹਾ ਕਿ ਆਦਰਸ਼ ਚੋਣ ਜਾਬਤੇ ਦੀ ਪਾਲਣਾ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰਾ ਗੰਭੀਰ ਏ ਅਤੇ ਇਸ ਲਈ ਵੱਖ-ਵੱਖ ਚੋਣ ਟੀਮਾਂ 24 ਘੰਟੇ ਕਾਰਜਸ਼ੀਲ ਨੇ। ਉਨ੍ਹਾਂ ਦੱਸਿਆ ਕਿ ਲੋਕ ਸਭਾ ਚੋਣਾਂ ਨੂੰ ਅਮਨ ਅਮਾਨ ਨਾਲ ਕਰਵਾਉਣ ਲਈ ਜ਼ਿਲ੍ਹਾ ਪੁਲਿਸ ਪ੍ਰਸਾਸ਼ਨ ਦੇ ਸਹਿਯੋਗ ਲਈ ਅਰਧ ਸੈਨਿਕ ਬਲਾਂ ਦੀ ਤਾਇਨਾਤੀ ਵੀ ਕੀਤੀ ਗਈ ਏ।

-------------------------------------------------------------

ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੀ ਅਗਵਾਈ ਵਿੱਚ ਜ਼ਿਲ੍ਹਾ ਸਵੀਪ ਟੀਮ ਜ਼ਿਲੇ ਦੇ ਮਿਡਲ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਵੀਪ ਗਤੀਵਿਧੀਆਂ ਦਾ ਆਯੋਜਨ ਲਗਾਤਾਰ ਕਰ ਰਹੀ ਏ । ਇਸੇ ਲੜੀ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ ਵਿਖੇ ਚਾਰਟ ਤੇ ਲੇਖ ਮੁਕਾਬਲੇ ਕਰਵਾਏ ਗਏ ਅਤੇ ਇਨਾ ਵਿਚ ਮੋਹਰੀ ਰਹਿਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ । ਇਸ ਮੌਕੇ ਵਿਦਿਆਰਥੀਆਂ ਦੇ ਹੱਥਾਂ ਵਿੱਚ ਗੁਬਾਰੇ ਫੜੇ ਹੋਏ ਸਨ ਜਿੰਨਾ ਉੱਪਰ ਵੋਟਰ ਜਾਗਰੂਕਤਾ ਦੇ ਸਲੋਗਨ ਲਿਖੇ ਹੋਏ ਸਨ । ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਸਵੀਪ ਨੋਡਲ ਅਫ਼ਸਰ ਬਰਜਿੰਦਰ ਪਾਲ ਸਿੰਘ ਸਮੇਤ ਵੱਖ ਵੱਖ ਬੁਲਾਰਿਆਂ ਨੇ ਸਮੂਹ ਵੋਟਰਾਂ ਨੂੰ ਆਪਣੀ ਕੀਮਤੀ ਵੋਟ ਦਾ ਇਸਤਮਾਲ ਕਰਕੇ ਵੋਟ ਫੀਸਦ ਵਧਾਉਣ ਲਈ ਪ੍ਰੇਰਿਤ ਕੀਤਾ ।

-------------------------------------------------------------

ਏਧਰ ਗੁਰਦਾਸਪੁਰ ਜ਼ਿਲੇ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਛਾਵਰ ਵਿਖੇ ਸਵੀਪ ਮੁਹਿੰਮ ਤਹਿਤ ਕਲ ਵੋਟਰ ਜਾਗਰੂਕਤਾ ਪ੍ਰੋਗਰਾਮ

ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ ਦੀ ਅਗਵਾਈ ਹੇਠ ਜ਼ਿਲ੍ਹਾ ਸਵੀਪ ਟੀਮ ਨੇ ਵੋਟਰਾਂ ਨੂੰ ਵੋਟ ਪਾਉਣ ਦੀ ਪ੍ਰਕਿਰਿਆ ਅਤੇ ਲੋਕ ਸਭਾ ਚੋਣਾਂ ਦੀ ਸਮਾਂ ਸਾਰਨੀ ਬਾਰੇ ਜਾਣੂ ਕਰਵਾਉਂਦਿਆਂ ਵੋਟ ਦੇ ਹੱਕ ਦਾ ਲਾਜ਼ਮੀ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ । ਇਸ ਤੋਂ ਇਲਾਵਾ ਆਮ ਨਾਗਰਿਕਾਂ ਤੇ ਸਕੂਲ ਵਿਦਿਆਰਥੀਆਂ ਨੂੰ ਵੀ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ।

-----------------------------------------------------------

ਸਾਲ 2024-25 ਵਿੱਚ ਨਰਮੇ ਦੀ ਖੇਤੀ ਨੂੰ ਪ੍ਰਫੁੱਲਿਤ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਸਤਬੀਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਬਠਿੰਡਾ ਵਿਖੇ ਅੰਤਰਰਾਜੀ ਸਲਾਹਕਾਰ ਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਹੋਈ। ਇਸ ਵਿੱਚ ਪੰਜਾਬ, ਹਰਿਆਣਾ ਤੇ ਰਾਜਸਥਾਨ ਦੇ ਖੇਤੀ ਮਾਹਿਰਾਂ ਅਤੇ ਵਿਗਿਆਨੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਡਾ. ਗੋਸਲ ਨੇ ਕਿਹਾ ਕਿ ਸਾਉਣੀ 2024 ਦੌਰਾਨ ਨਰਮੇ ਦੀ ਫਸਲ ਹੇਠ 2 ਲੱਖ ਹੈਕਟੇਅਰ ਬਿਜਾਈ ਕਰਨ ਦਾ ਟੀਚਾ ਮਿਥਿਆ ਗਿਆ ਏ। ਇਸ ਲਈ

ਕਿਸਾਨ ਸਿਖਲਾਈ ਕੈਂਪਾਂ ਅਤੇ ਨੁੱਕੜ ਮੀਟਿੰਗਾਂ ਰਾਹੀ ਕਿਸਾਨਾਂ ਨੂੰ ਸਿਰਫ ਪੀ.ਏ.ਯੂ ਵੱਲੋ ਨਰਮੇ ਦੀਆਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਬਿਜਾਈ ਕਰਨ ਲਈ ਹੀ ਪ੍ਰੇਰਿਤ ਕੀਤਾ ਜਾਵੇ ਅਤੇ ਵੱਧ ਤੋ ਵੱਧ ਰਕਬਾ ਨਰਮੇ ਦੀ ਫਸਲ ਹੇਠ ਲਿਆਂਦਾ ਜਾਵੇ। ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਜਸਵੰਤ ਸਿੰਘ ਨੇ ਕਿਹਾ ਕਿ ਨਰਮੇ ਦੀ ਫਸਲ ਦੀ ਵਿਉਂਤਬੰਦੀ ਉਲੀਕੀ ਜਾ ਚੁੱਕੀ ਏ।